Vigilance Bureau, Punjab

**Vigilance nabs 13 officials, 2 private persons in 12 bribery cases during June**
**Seven officials sentenced by special courts**

Chandigarh, July 8: State Vigilance Bureau, during its ongoing crusade against corruption, has been able to nab 13 employees and 2 private person red handed while accepting bribes in 12 different trap cases during the month of June, which includes 5 police personnel, 4 employees of power department and 4 from other departments. Besides, seven accused officials have also been convicted by the special courts after finding them guilty in different corruption cases during last month.

Disclosing this, Chief Director-cum-ADGP vigilance bureau Punjab B.K. Uppal said the VB has put up its best efforts to eradicate corruption amongst public servants and others in every sphere during the period. In this direction, the vigilance officers have ensured that suspect did not escape judicial punishment in the various courts in the State, he added.

He said the Bureau has submitted challans pertaining to 05 vigilance cases in various special courts in the last month. In addition to this the VB has registered two vigilance cases against public servants after thorough investigation of vigilance enquiries. Three vigilance enquiries have also been registered to probe the allegation, he added

Giving more details, he informed that special courts have decided six bribery cases filed and contested by the Bureau during the last month, in which Gamdoor Singh, ASI was posted at Mansa has been convicted and sentenced with 4 years imprisonment and fine of Rs. 50,000/- by the Additional Session Judge, Mansa.

Similarly, in another case, Surinder Singh Assistant Executive Engineer, posted at PSPCL Moga and his private driver Jaswinder Singh have been convicted and sentenced with 4 years imprisonment and fine of Rs. 5,000/- each by the Additional Session Judge, Moga.

Likewise, Sukhwinder Singh ASI posted at Patiala has also been convicted and sentenced with 3 years imprisonment and fine of Rs. 20,000/- by the Additional Session Judge, Patiala and Jarnail Singh ASI posted at Barnala has been convicted and sentenced with 4 years imprisonment and fine of Rs. 20,000/- by the Additional Session Judge, Barnala. Apart from this, Baldev Singh forest officer posted at Anandpur Sahib has been convicted and sentenced with 4 years imprisonment and fine of Rs. 4,000/- by the Additional Session Judge, Rupnagar and Kiranpal Kataria Senior Assistant posted at GAMADA SAS Nagar has also been convicted and sentenced with 4 years imprisonment and fine of Rs. 20,000/- by the Additional Session Judge, SAS Nagar.

---------

ਵਿਜੀਲੈਂਸ ਬਿਊਰੋ ਪੰਜਾਬ

## ਵਿਜੀਲੈਂਸ ਨੇ ਜੂਨ ਮਹੀਨੇ 13 ਮੁਲਾਜ਼ਮ ਅਤੇ 2 ਪ੍ਰਾਈਵੇਟ ਵਿਅਕਤੀਆਂ ਨੂੰ ਰਿਸ਼ਵਤ ਲੈਂਦੇ ਦਬੋਚਿਆ

## ਅਦਾਲਤਾਂ ਵਲੋਂ 7 ਦੋਸ਼ੀਆਂ ਨੂੰ ਭ੍ਰਿਸ਼ਟਾਚਾਰ ਦੇ ਦੋਸ਼ ਤਹਿਤ ਸਜਾਵਾਂ

ਚੰਡੀਗੜ੍ਹ, 8 ਜੁਲਾਈ : ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਤਹਿਤ ਜੂਨ ਮਹੀਨੇ ਦੌਰਾਨ ਕੁੱਲ 12 ਛਾਪੇ ਮਾਰਕੇ 13 ਸਰਕਾਰੀ ਮੁਲਾਜ਼ਮ ਅਤੇ 2 ਪ੍ਰਾਈਵੇਟ ਵਿਅਕਤੀਆਂ ਨੂੰ ਵੱਖ-ਵੱਖ ਕੇਸਾਂ ਵਿਚ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਜਿਨ੍ਹਾਂ ਵਿਚ ਪੁਲਿਸ ਵਿਭਾਗ ਦੇ 5, ਬਿਜਲੀ ਵਿਭਾਗ ਦੇ 4 ਅਤੇ ਹੋਰਨਾਂ ਵੱਖ-ਵੱਖ ਵਿਭਾਗਾਂ ਦੇ 4 ਮੁਲਾਜਮ ਸ਼ਾਮਲ ਹਨ। ਇਸ ਤੋਂ ਇਲਾਵਾ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਨੇ ਰਿਸ਼ਵਤ ਦੇ ਕੇਸਾਂ ਵਿਚ ਦੋਸ਼ੀ ਪਾਏ ਗਏ ਸੱਤ ਕਰਮਚਾਰੀਆਂ ਨੂੰ ਸਜਾਵਾਂ ਤੇ ਜੁਰਮਾਨੇ ਸੁਣਾਏ ਹਨ।

ਇਸ ਸਬੰਧੀ ਚੀਫ ਡਾਇਰੈਕਟਰ-ਕਮ-ਏ.ਡੀ.ਜੀ.ਪੀ ਵਿਜੀਲੈਂਸ ਬਿਓਰੋ ਪੰਜਾਬ ਬੀ.ਕੇ. ਉਪਲ ਨੇ ਕਿਹਾ ਕਿ ਇਸ ਦੌਰਾਨ ਬਿਓਰੋ ਨੇ ਜਨਤਕ ਸੇਵਾਵਾਂ ਅਤੇ ਹੋਰਨਾਂ ਖੇਤਰਾਂ ਵਿਚ ਭ੍ਰਿਸ਼ਟਾਚਾਰ ਨੂੰ ਰੋਕਣ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕੀਤੀ। ਇਸ ਦਿਸ਼ਾ ਵਿਚ ਵਿਜੀਲੈਂਸ ਦੇ ਪੜਤਾਲੀਆ ਅਧਿਕਾਰੀਆਂ ਨੇ ਰਾਜ ਦੀਆਂ ਵੱਖ-ਵੱਖ ਅਦਾਲਤਾਂ ਵਿੱਚ ਚਲਦੇ ਮੁਕੱਦਮਿਆਂ ਦੌਰਾਨ ਦੋਸ਼ੀਆਂ ਨੂੰ ਨਿਆਂਇਕ ਸਜ਼ਾਵਾਂ ਦਿਵਾਉਣ ਲਈ ਪੁਖਤਾ ਪੈਰਵੀ ਕੀਤੀ।

ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਦੌਰਾਨ ਬਿਓਰੋ ਵੱਲੋਂ ਭ੍ਰਿਸ਼ਟਾਚਾਰ ਸਬੰਧੀ 5 ਕੇਸਾਂ ਦੇ ਚਲਾਣ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਵਿਚ ਪੇਸ਼ ਕੀਤੇ ਗਏ। ਇਸੇ ਮਹੀਨੇ ਸਰਕਾਰੀ ਕਰਮਚਾਰੀਆਂ ਖਿਲਾਫ਼ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿਚ ਹੋਰ ਡੂੰਘਾਈ ਨਾਲ ਪੜਤਾਲ ਕਰਨ ਲਈ ਵਿਜੀਲੈਂਸ ਵਲੋਂ 2 ਮੁਕੱਦਮੇ ਵੀ ਦਰਜ ਕੀਤੇ ਗਏ। ਇਸੇ ਦੌਰਾਨ ਭ੍ਰਿਸ਼ਟਾਚਾਰ ਸਬੰਧੀ ਲਗਾਏ ਇਲਜਾਮਾਂ ਦੀ ਪੁਖਤਾ ਪੜਤਾਲ ਲਈ 3 ਹੋਰ ਵਿਜੀਲੈਂਸ ਪੜਤਾਲਾਂ ਵੀ ਦਰਜ ਕੀਤੀਆਂ ਗਈਆਂ।

ਹੋਰ ਜਾਣਕਾਰੀ ਦਿੰਦਿਆਂ ਉਨਾਂ ਦੱਸਿਆ ਕਿ ਵਿਜੀਲੈਂਸ ਵਲੋਂ ਦਰਜ ਕੀਤੇ ਕੇਸਾਂ ਦੀ ਸੁਣਵਾਈ ਦੌਰਾਨ ਪਿਛਲੇ ਮਹੀਨੇ ਛੇ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਨੇ ਮੁਲਜਮਾਂ ਨੂੰ ਸਜਾਵਾਂ ਤੇ ਜੁਰਮਨੇ ਕੀਤੇ ਹਨ ਜਿਨ੍ਹਾਂ ਵਿਚ ਮਾਨਸਾ ਵਿਖੇ ਤਾਇਨਾਤ ਏ.ਐਸ.ਆਈ ਗਮਦੂਰ ਸਿੰਘ ਨੂੰ ਮਾਨਸਾ ਦੀ ਅਦਾਲਤ ਵਲੋਂ 4 ਸਾਲ ਦੀ ਕੈਦ ਅਤੇ ਪੰਜਾਹ ਹਜਾਰ ਰੁਪਏ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ।

ਇਸੇ ਤਰ੍ਹਾਂ ਇਕ ਹੋਰ ਭ੍ਰਿਸ਼ਟਾਚਾਰ ਦੇ ਕੇਸ ਵਿਚ ਪੀ.ਐਸ.ਪੀ.ਸੀ.ਐਲ ਮੋਗਾ ਵਿਖੇ ਤਾਇਨਾਤ ਸੁਰਿੰਦਰ ਸਿੰਘ ਸਹਾਇਕ ਕਾਰਜਕਾਰੀ ਇੰਜੀਨੀਅਰ ਅਤੇ ਉਸ ਦੇ ਪ੍ਰਾਈਵੇਟ ਡਰਾਈਵਰ ਜਸਵਿੰਦਰ ਸਿੰਘ ਨੂੰ ਮੋਗਾ ਦੀ ਅਦਾਲਤ ਵਲੋਂ 4 ਸਾਲ ਦੀ ਕੈਦ ਅਤੇ 5-5 ਹਜਾਰ ਰੁਪਏ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ। ਇਸ ਤੋ ਇਲਾਵਾ ਪਟਿਆਲਾ ਵਿਖੇ ਤਾਇਨਾਤ ਏ.ਐਸ.ਆਈ ਸੁਖਵਿੰਦਰ ਸਿੰਘ ਨੂੰ ਪਟਿਆਲਾ ਦੀ ਅਦਾਲਤ ਵਲੋਂ 3 ਸਾਲ ਦੀ ਕੈਦ ਅਤੇ ਵੀਹ ਹਜਾਰ ਰੁਪਏ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ। ਬਰਨਾਲਾ ਵਿਖੇ ਤਾਇਨਾਤ ਏ.ਐਸ.ਆਈ ਜਰਨੈਲ ਸਿੰਘ ਨੂੰ ਬਰਨਾਲਾ ਦੀ ਅਦਾਲਤ ਵਲੋਂ 4 ਸਾਲ ਦੀ ਕੈਦ ਅਤੇ ਵੀਹ ਹਜਾਰ ਰੁਪਏ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ।

ਉਕਤ ਤੋ ਇਲਾਵਾ ਅਨੰਦਪੁਰ ਸਾਹਿਬ ਵਿਖੇ ਤਾਇਨਾਤ ਵਣ ਰੇਂਜ ਅਫਸਰ ਬਲਦੇਵ ਸਿੰਘ ਨੂੰ ਰੂਪਨਗਰ ਦੀ ਅਦਾਲਤ ਵਲੋਂ 4 ਸਾਲ ਦੀ ਕੈਦ ਅਤੇ ਚਾਰ ਹਜਾਰ ਰੁਪਏ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ । ਇਸ ਤੋਂ ਇਲਾਵਾ ਗਮਾਡਾ ਐਸ.ਏ.ਐਸ ਨਗਰ ਵਿਖੇ ਤਾਇਨਾਤ ਸੀਨੀਅਰ ਸਹਾਇਕ ਕਿਰਨਪਾਲ ਕਟਾਰੀਆ ਨੂੰ ਐਸ.ਏ.ਐਸ.ਨਗਰ ਦੀ ਅਦਾਲਤ ਵਲੋਂ 4 ਸਾਲ ਦੀ ਕੈਦ ਅਤੇ ਵੀਹ ਹਜਾਰ ਰੁਪਏ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਹੈ ।

---------------